# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 07-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਅੱਜ ਦੇ ਨੌਜਵਾਨਾਂ ਨੂੰ, ਵਿਕਸਤ ਭਾਰਤ ਲਈ ਤਿਆਰ ਕਰਨ ਦੀ ਜ਼ਿੰਮੇਵਾਰੀ, ਅਧਿਆਪਕਾਂ ਦੇ ਹੱਥਾਂ ਵਿੱਚ ਏ ।
- ਰਾਸ਼ਟਰੀ ਪੋਸ਼ਣ ਮਹੀਨੇ ਦੇ 7ਵੇਂ ਪੜਾਅ ਤਹਿਤ ਹੁਣ ਤਕ, ਲਗਭਗ ਇਕ ਕਰੋੜ 37 ਲੱਖ ਪ੍ਰੋਗਰਾਮ ਕਰਵਾਏ ਗਏ ।
- ਪੰਜਾਬ ਦੇ ਕੈਬਨਿਟ ਮੰਤਰੀ ਬਲਕਾਰ ਸਿੰਘ ਵਲੋਂ ਜਲੰਧਰ ਸ਼ਹਿਰ ਵਿੱਚੋਂ ਕੂੜਾ ਇਕੱਤਰ ਕਰਨ ਲਈ 14 ਈ-ਵਾਹਨਾਂ ਦੀ ਸ਼ੁਰੂਆਤ ।ਅਤੇ
- ਪਠਾਨਕੋਟ ਦੇ ਬੁੰਗਲ ਬਧਾਨੀ ਨੇੜੇ, ਬੱਸ ਪਲਟਨ ਕਾਰਨ ਵਾਪਰੇ ਹਾਦਸੇ ਵਿੱਚ, ਇੱਕ ਨੌਜਵਾਨ ਦੀ ਮੌਤ ਹੋ ਗਈ ਜਦਕਿ 15 ਮੁਸਾਫ਼ਰ ਜ਼ਖਮੀ ।

----------------------------------------------------

ਰਾਸ਼ਟਰੀ ਪੋਸ਼ਣ ਮਹੀਨੇ ਦੇ 7ਵੇਂ ਪੜਾਅ ਤਹਿਤ, ਲਗਭਗ ਇਕ ਕਰੋੜ 37 ਲੱਖ ਪ੍ਰੋਗਰਾਮ ਕਰਵਾਏ ਗਏ ਨੇ। ਪਹਿਲੀ ਸਤੰਬਰ ਤੋਂ ਸ਼ੁਰੂ ਹੋਇਆ ਪੋਸ਼ਣ ਮਹੀਨਾ, ਇਸ ਮਹੀਨੇ ਦੀ 30 ਤਰੀਕ ਤੱਕ ਜਾਰੀ ਰਹੇਗਾ। ਇਸੇ ਤਹਿਤ ਔਰਤਾਂ ਅਤੇ ਬੱਚਿਆਂ ਨੂੰ ਸਰੀਰਿਕ ਤੌਰ ਤੇ ਮਜਬੂਤ ਬਣਾਉਣ ਅਤੇ ਸੰਤੁਲਿਤ ਖੁਰਾਕ ਸਬੰਧੀ ਜਾਗਰੂਕ ਕਰਨ ਦੇ ਮਕਸਦ ਨਾਲ ਵੱਖ ਵੱਖ ਪ੍ਰੋਗਰਾਮ ਕਰਵਾਏ ਜਾ ਰਹੇ ਨੇ। ਇਸੇ ਸਿਲਸਿਲੇ ਵਿਚ ਮੋਹਾਲੀ ਤੋਂ ਔਰਤ ਅਤੇ ਬਾਲ ਵਿਕਾਸ ਵਿਭਾਗ ਦੇ ਡਿਪਟੀ ਡਾਇਰੈਕਟਰ ਰੁਪਿੰਦਰ ਕੌਰ ਨੇ ਜਾਣਕਾਰੀ ਦੀਦਿਆਂ ਦਸਿਆ। BYTE

----------------------------------------------------

ਅੱਜ ਤੋਂ ਪੂਰੇ ਦੇਸ਼ ਵਿੱਚ 10 ਦਿਨਾਂ ਤੱਕ ਚੱਲਣ ਵਾਲੇ ਗਣੇਸ਼ ਚਤੁਰਥੀ ਤਿਉਹਾਰ ਬੜੇ ਉਤਸ਼ਾਹ ਨਾਲ ਸ਼ੁਰੂ ਹੋ ਰਹੇ ਨੇ। ਮਹਾਰਾਸ਼ਟਰ 'ਚ ਘਰਾਂ ਅਤੇ ਜਨਤਕ ਪੰਡਾਲਾਂ 'ਚ ਗਣੇਸ਼ ਦੀਆਂ ਮੂਰਤੀਆਂ ਲਗਾਉਣ ਦੀਆਂ ਤਿਆਰੀਆਂ ਜ਼ੋਰਾਂ 'ਤੇ ਨੇ।ਇਹ 10 ਦਸ ਦਿਨਾਂ ਦਾ ਤਿਉਹਾਰ, ਜੋ ਕਿ ਮਹਾਰਾਸ਼ਟਰ ਦੀ ਸੱਭਿਆਚਾਰਕ ਵਿਰਾਸਤ ਵਿੱਚੋਂ ਇੱਕ ਏ, ਹਰ ਸਾਲ ਬਹੁਤ ਸਾਰੇ ਸੱਭਿਆਚਾਰਕ ਪ੍ਰੋਗਰਾਮਾਂ ਨਾਲ ਮਨਾਇਆ ਜਾਂਦਾ ਏ

ਜਿਸ ਵਿੱਚ ਪ੍ਰਦਰਸ਼ਨ, ਮੁਕਾਬਲੇ ਸ਼ਾਮਲ ਨੇ। ਇਸ ਸਾਲ ਕਈ ਥਾਵਾਂ 'ਤੇ ਵਾਤਾਵਰਣ ਪੱਖੀ ਗਣੇਸ਼ ਉਤਸਵ ਮਨਾਇਆ ਜਾ ਰਿਹਾ ਏ ਅਤੇ ਲੋਕ ਮਿੱਟੀ ਦੀਆਂ ਮੂਰਤੀਆਂ ਦੀ ਵਰਤੋਂ ਕਰ ਰਹੇ ਨੇ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਣੇਸ਼ ਚਤੁਰਥੀ ਦੇ ਮੌਕੇ 'ਤੇ ਵਧਾਈ ਦਿੱਤੀ ਏ । ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਖੁਸ਼ੀ ਅਤੇ ਉਤਸ਼ਾਹ ਦਾ ਇਹ ਤਿਉਹਾਰ, ਸਮਾਜਿਕ ਸਦਭਾਵਨਾ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦਾ ਏ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਭਗਵਾਨ ਗਣੇਸ਼ ਗਿਆਨ, ਖੁਸ਼ਹਾਲੀ ਅਤੇ ਚੰਗੀ ਕਿਸਮਤ ਦੇ ਪ੍ਰਤੀਕ ਨੇ ਅਤੇ ਕਰੋੜਾਂ ਲੋਕਾਂ ਦੇ ਦਿਲਾਂ ਵਿੱਚ ਵਿਸ਼ੇਸ਼ ਸਥਾਨ ਰੱਖਦੇ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਐਕਸ ਹੈਂਡਲ 'ਤੇ ਇੱਕ ਵੀਡੀਓ ਸੰਦੇਸ਼ ਵਿੱਚ, ਸਾਰੇ ਦੇਸ਼ ਵਾਸੀਆਂ ਨੂੰ ਗਣੇਸ਼ ਚਤੁਰਥੀ ਦੀਆਂ ਸ਼ੁਭਕਾਮਨਾਵਾਂ ਦਿਤੀਆਂ। ਉਨ੍ਹਾਂ ਨੇ ਕਿਹਾ ਕਿ ਤਿਉਹਾਰ ਸਮਾਜ ਵਿੱਚ ਨਵੇਂ ਜੀਵਨ ਦਾ ਸੰਚਾਰ ਕਰਦੇ ਨੇ । ਗਲੀ-ਗਲੀ ਵਿੱਚ ਸਜਾਏ ਗਏ

ਗਣੇਸ਼ ਪੰਡਾਲ, ਨੌਜਵਾਨਾਂ ਨੂੰ ਅਗਵਾਈ ਦੀ ਸਮਰੱਥਾ ਪ੍ਰਦਾਨ ਕਰਦੇ ਨੇ।

--------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਬਲਕਾਰ ਸਿੰਘ ਨੇ ਅੱਜ ਜਲੰਧਰ ਸ਼ਹਿਰ ਵਿੱਚੋਂ ਕੂੜਾ ਇਕੱਤਰ ਕਰਨ ਲਈ ਹਾਈਡ੍ਰੋ-ਲਿਕ ਲਿਫ਼ਟ ਸਿਸਟਮ ਨਾਲ ਲੈਸ, 14 ਈ-ਵਾਹਨਾਂ ਦੀ ਸ਼ੁਰੂਆਤ ਕੀਤੀ। ਕੈਬਨਿਟ ਮੰਤਰੀ ਨੇ ਕਿਹਾ

ਕਿ ਇਹ ਵਾਹਨ, ਗਿੱਲੇ-ਸੁੱਕੇ ਕੂੜੇ ਨੂੰ ਵੱਖ-ਵੱਖ ਇਕੱਠਾ ਕਰਨਗੇ ਅਤੇ ਕੂੜੇ-ਕਰਕਟ ਦੇ ਸੁਚੱਜੇ ਨਿਪਟਾਰੇ ਨੂੰ ਯਕੀਨੀ ਬਣਾਉਣਗੇ । ਉਨ੍ਹਾਂ ਐਲਾਨ ਕੀਤਾ ਕਿ ਸ਼ਹਿਰ ਵਿੱਚ ਅਜਿਹੇ 100 ਵਾਹਨ ਜਲਦ ਹੀ ਚਾਲੂ ਕੀਤੇ ਜਾਣਗੇ, ਜਿਸ ਨਾਲ ਸ਼ਹਿਰ 'ਚ ਸਫਾਈ ਮੁਹਿੰਮ ਨੂੰ ਵੱਡਾ ਉਤਸ਼ਾਹ ਮਿਲੇਗਾ। ਇਸ ਦੌਰਾਨ ਕੈਬਨਿਟ ਮੰਤਰੀ ਵੱਲੋਂ ਜਲੰਧਰ ਨਗਰ ਨਿਗਮ ਵਿੱਚ ਡਿਜੀਟਲ ਤਹਿਬਾਜ਼ਾਰੀ ਪ੍ਰਣਾਲੀ ਦੀ ਸ਼ੁਰੂਆਤ ਵੀ ਕੀਤੀ ਗਈ, ਜਿਸ ਨਾਲ ਰੇਹੜੀ ਮਾਲਕ ਫੀਸ ਦੀ ਅਦਾਇਗੀ, ਕਿਊ ਆਰ ਕੋਡਸ ਰਾਹੀਂ ਕਰ ਸਕਣਗੇ। ਇਸ ਨਾਲ ਭੁਗਤਾਨ ਪ੍ਰਣਾਲੀ ਹੋਰ ਸੁਚਾਰੂ ਅਤੇ ਪਾਰਦਰਸ਼ੀ ਬਣੇਗੀ। ਇਸ ਮੌਕੇ ਮੰਤਰੀ ਨੇ ਸਫ਼ਾਈ ਕਰਮਚਾਰੀਆਂ ਲਈ

ਲਗਾਏ ਗਏ ਮੈਡੀਕਲ ਕੈਂਪ ਦਾ ਨਿਰੀਖਣ ਵੀ ਕੀਤਾ ਅਤੇ ਜਲੰਧਰ ਨਗਰ ਨਿਗਮ ਵੱਲੋਂ ਇਨ੍ਹਾਂ ਕਾਮਿਆਂ ਨੂੰ ਈ-ਸ਼੍ਰਮ ਪੋਰਟਲ ਅਧੀਨ ਰਜਿਸਟਰ ਕਰਨ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ । ਇਸ ਤੋਂ ਇਲਾਵਾ ਉਨ੍ਹਾਂ ਸ਼ਹਿਰ ਦੀ ਸਫਾਈ ਨੂੰ ਬਣਾਈ ਰੱਖਣ ਵਿੱਚ ਸਫਾਈ ਕਰਮਚਾਰੀਆਂ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਉਨ੍ਹਾਂ ਲਈ ਨਵੀਂ ਪੈਨਸ਼ਨ ਸਕੀਮ ’ਤੇ ਵੀ ਚਾਨਣਾ ਪਾਇਆ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਬੂਟੇ ਲਾਉਣ ਦੀ ਮੁਹਿੰਮ, 'ਏਕ ਪੇੜ ਮਾਂ ਕੇ ਨਾਮ' ਤਹਿਤ, ਦੇਸ਼ ਭਰ ਦੇ ਲੋਕਾਂ ਨੂੰ ਇਸ ਬਰਸਾਤ ਦੇ ਮੌਸਮ ਵਿਚ ਬੂਟੇ ਲਗਾਉਣ ਦਾ ਸਦਾ ਦਿੱਤਾ ਏ । ਸਮਾਜ ਸੇਵੀ ਸੰਸਥਾਵਾਂ, ਵਾਤਾਵਰਨ ਪ੍ਰੇਮੀ ਅਤੇ ਆਮ ਲੋਕ ਇਸ ਮੁਹਿੰਮ ਤੋਂ ਬੇਹੱਦ ਉਤਸ਼ਾਹਤ ਨੇ ਅਤੇ ਵੱਖ ਵੱਖ ਕਿਸਮ ਦੇ ਬੂਟੇ ਵੀ ਲਗਾ ਰਹੇ ਨੇ । ਸੂਬੇ ਦੇ ਵੱਖ ਵੱਖ ਜ਼ਿਲਿਆਂ ਤੋਂ ਲੋਕਾਂ ਨੇ ਇਸ ਮੁਹਿੰਮ ਵਿਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ। BYTE :

----------------------------------------------------

ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ ਨੇ ਵਾਤਾਵਰਣ ਸੁਰੱਖਿਆ ਪ੍ਰਤੀ ਸੁਚੇਤ ਹੁੰਦਿਆਂ ਹੁਸ਼ਿਆਰਪੁਰ ਵਿੱਚ ਵੱਖ-ਵੱਖ ਥਾਵਾਂ 'ਤੇ ਬੂਟੇ ਲਗਾਉਣ ਦੀ ਮੁਹਿੰਮ ਚਲਾਈ ਏ। ਇਸ ਉਪਰਾਲੇ ਤਹਿਤ ਉਨ੍ਹਾਂ ਨੇ ਕਈ ਥਾਵਾਂ 'ਤੇ ਰੁੱਖ ਲਗਾਏ ਅਤੇ ਸਮਾਜ ਨੂੰ ਵਾਤਾਵਰਨ ਦੀ ਸੰਭਾਲ ਲਈ ਜਾਗਰੂਕ ਕੀਤਾ। ਇਹ ਕਦਮ ਨਾ ਸਿਰਫ਼ ਇਲਾਕੇ ਦੇ ਵਾਤਾਵਰਨ ਨੂੰ ਸੁਧਾਰਨ ਲਈ ਅਹਿਮ ਏ, ਸਗੋਂ ਸਮਾਜ ਨੂੰ ਇਹ ਸੁਨੇਹਾ ਵੀ ਦਿੰਦਾ ਏ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਤੇ ਹਰਿਆ ਭਰਿਆ ਵਾਤਾਵਰਨ ਛੱਡਣਾ ਸਾਡੀ ਜ਼ਿੰਮੇਵਾਰੀ ਏ। ਇਸ ਮੁਹਿੰਮ ਦਾ ਮੁੱਖ ਮੰਤਵ ਲੋਕਾਂ ਨੂੰ ਵਾਤਾਵਰਨ ਸੰਭਾਲ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਅਤੇ ਰੁੱਖ ਲਗਾਉਣ ਲਈ ਪ੍ਰੇਰਿਤ ਕਰਨਾ ਏ। ਉਨ੍ਹਾਂ ਕਿਹਾ ਕਿ ਕੁਦਰਤੀ ਸੋਮਿਆਂ ਦੀ ਰਾਖੀ ਅਤੇ ਧਰਤੀ ਨੂੰ ਹਰਿਆ- ਭਰਿਆ ਰੱਖਣਾ ਸਾਡੇ ਜੀਵਨ ਦਾ ਅਹਿਮ ਹਿੱਸਾ ਹੋਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਸਾਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਏ ਕਿ ਜੋ ਬੂਟੇ ਲਗਾਏ ਗਏ ਨੇ, ਉਹ ਦਰੱਖਤ ਬਣਨ ਅਤੇ ਵਾਤਾਵਰਨ ਨੂੰ ਸ਼ੁੱਧ ਕਰਨ ਵਿੱਚ ਆਪਣੀ ਭੂਮਿਕਾ ਨਿਭਾਉਣ।

ਇਸ ਮੌਕੇ ਵਾਤਾਵਰਨ ਸੰਭਾਲ ਲਈ ਡਾ: ਇਸ਼ਾਂਕ ਦੀ ਪਹਿਲਕਦਮੀ 'ਏਕ ਰੁਖ ਮਾਂ ਕੇ ਨਾਮ' ਵੀ ਚਰਚਾ ਦਾ ਵਿਸ਼ਾ ਰਹੀ |

---------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ, ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ, ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ ਵਿਚ ਗੁਰਮਤਿ ਸਮਾਗਮ ਕਰਵਾਇਆ ਗਿਆ । ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਵਿੰਦਰ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ ਅਤੇ ਪੰਥਕ ਸ਼ਖ਼ਸੀਅਤਾਂ ਨੇ ਸੰਗਤ ਨਾਲ ਵਿਚਾਰ ਸਾਂਝੇ ਕੀਤੇ । ਉਨ੍ਹਾਂ ਕਿਹਾ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਅਨਿੰਨ ਸਿੱਖ ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੇ

ਜੀਵਨ ਪ੍ਰੇਰਣਾ ਸਰੋਤ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਦੋਵਾਂ ਸਿੱਖਾਂ ਦਾ ਸਿੱਖ ਇਤਿਹਾਸ ਅੰਦਰ ਅਹਿਮ ਸਥਾਨ ਏ , ਜਿਸ ’ਤੇ ਸਿੱਖ ਕੌਮ ਮਾਣ ਮਹਿਸੂਸ ਕਰਦੀ ਏ। ਉਨ੍ਹਾ ਕਿਹਾ ਕਿ ਸਾਨੂੰ ਬਾਬਾ ਮੱਖਣ ਸ਼ਾਹ ਤੇ ਭਾਈ ਲੱਖੀ ਸ਼ਾਹ ਦੇ ਜੀਵਨ ਤੋਂ ਪ੍ਰੇਰਣਾ ਲੈਂਦਿਆਂ ਗੁਰਸਿੱਖੀ ਮਾਰਗ ’ਤੇ ਚੱਲਣਾ ਚਾਹੀਦਾ ਏ। ਉਨ੍ਹਾਂ ਸੰਗਤਾਂ ਨੂੰ ਆਪਣੇ ਵਡੇਰਿਆਂ ਦੇ ਇਤਿਹਾਸ ਤੋਂ ਪ੍ਰੇਰਣਾ ਲੈ ਕੇ ਜੀਵਨ ਸੇਧਾਂ ਨਿਰਧਾਰਤ ਕਰਨ ਦੀ ਅਪੀਲ ਕੀਤੀ।

---------------------------------------------------

ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਜਗਤ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਸਮਾਗਮ ਗੁਰਦਾਸਪੁਰ ਵਿਖੇ 10 ਸਤੰਬਰ ਨੂੰ ਪੂਰੇ ਉਤਸ਼ਾਹ ਨਾਲ ਮਨਾਏ ਜਾਣਗੇ। ਇਸ ਸਬੰਧੀ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਸੰਗਤਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਕੀਤੇ ਜਾ ਰਹੇ ਕੰਮਾਂ ਨੂੰ ਅੰਤਿਮ ਛੋਹਾਂ ਦਿੱਤੀਆਂ ਜਾ ਰਹੀਆਂ ਨੇ। ਅੱਜ ਪੁਲਿਸ ਲਾਇਨ ਬਟਾਲਾ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ( ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਕਿਹਾ ਕਿ ਵਿਆਹ ਪੁਰਬ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚੜਾਉਣ ਵਿੱਚ

ਕੋਈ ਢਿੱਲਮੱਠ ਨਾ ਵਰਤੀ ਜਾਵੇ ਮੀਟਿੰਗ ਦੌਰਾਨ ਵਿਧਾਇਕ ਸ਼ੈਰੀ ਕਲਸੀ ਵੀ ਪਹੁੰਚੇ ਅਤੇ ਵਿਆਹ ਪੁਰਬ ਸਮਾਗਮ ਸਬੰਧੀ ਵੱਖ-ਵੱਖ ਵਿਭਾਗਾਂ ਵਲੋਂ ਕੀਤੀਆਂ ਜਾ ਰਹੀਆਂ ਤਿਆਰੀਆਂ ਦੀ ਜਾਣਕਾਰੀ ਲਈ ਗਈ।

---------------------------------------------------

ਪਠਾਨਕੋਟ ਦੇ ਬੁੰਗਲ ਬਧਾਨੀ ਨੇੜੇ ਬੱਸ ਪਲਟਨ ਕਾਰਨ ਵਾਪਰੇ ਹਾਦਸੇ ਵਿੱਚ, ਇੱਕ ਨੌਜਵਾਨ ਦੀ ਮੌਤ ਹੋ ਗਈ ਜਦਕਿ 15 ਮੁਸਾਫ਼ਰ ਜ਼ਖਮੀ ਹੋ ਗਏ। ਪਠਾਨਕੋਟ ਤੋਂ ਸਾਡੇ ਪੱਤਰਕਾਰ  ਰਜਨੀਸ਼ ਕੁਮਾਰ ਨੇ ਖਬਰ ਦਿਤੀ ਏ ਕਿ ਇਹ ਹਾਦਸਾ ਅੱਜ ਸਵੇਰੇ ਕਰੀਬ 4 ਵਜੇ ਵਾਪਰਿਆ, ਜਦੋਂ ਤੇਜ਼ ਮੋੜ 'ਤੇ ਬਸ ਡਰਾਈਵਰ ਨੇ ਸੰਤੁਲਨ ਗੁਆ ਦਿੱਤਾ ਅਤੇ ਸੜਕ ਕਿਨਾਰੇ ਪਲਟ ਗਈ । ਥਾਣਾ ਮਾਮੂਨ ਇੰਚਾਰਜ ਰਜਨੀ ਬਾਲਾ ਨੇ ਦਸਿਆ ਕਿ ਜ਼ਖਮੀਆਂ ਨੂੰ ਇਲਾਜ ਲਈ ਪਠਾਨਕੋਟ ਦੇ ਸਰਕਾਰੀ ਹਸਪਤਾਲ ਦਾਖਲ ਕਰਵਾਇਆ ਗਿਆ ਏ ।

---------------------------------------------------

ਮੋਗਾ ਦੇ ਜ਼ਿਲ੍ਹਾ ਪੁਲਿਸ ਮੁਖੀ ਅੰਕੁਰ ਗੁਪਤਾ ਨੇ ਅੱਜ ‘ਹੁਨਰ ਵਿਕਾਸ

ਮਿਸ਼ਨ’ ਮੋਗਾ ਦੀ ਟੀਮ ਨਾਲ ਵਿਸ਼ੇਸ਼ ਮੀਟਿੰਗ ਕੀਤੀ । ਉਨ੍ਹਾਂ ਦਸਿਆ ਕਿ ਜ਼ਿਲ੍ਹੇ ਅੰਦਰ ਨਸ਼ਾ ਛੱਡ ਚੁੱਕੇ ਅਤੇ ਨਸ਼ਾ ਛੱਡਣ ਦੇ ਚਾਹਵਾਨ ਨੌਜਵਾਨਾ ਦੇ ਚੰਗੇ ਭਵਿੱਖ ਅਤੇ ਉਹਨਾਂ ਨੂੰ ਹੁਨਰਮੰਦ ਕਰਨ ਹਿੱਤ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਚੱਲ ਰਹੇ ਨਸ਼ਾ ਮੁਕਤੀ ਪ੍ਰੋਗਰਾਮਾਂ ਵਿੱਚ ਹੁਨਰ ਸਿਖਲਾਈ ਮਿਸ਼ਨ ਦੀ ਟੀਮ ਨੂੰ ਜੋੜਦੇ ਹੋਏ ਹੁਨਰ ਸਿਖਲਾਈ ਅਤੇ ਰੋਜ਼ਗਾਰ, ਸਵੈ-ਰੋਜ਼ਗਾਰ ਦੇ ਮੌਕਿਆਂ ਬਾਰੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾਵੇ ਤਾਂ ਜੋ ਇਹ ਨੌਜਵਾਨ ਬਿਹਤਰ ਜੀਵਨ ਦੇ ਮੌਕੇ ਪ੍ਰਾਪਤ ਕਰ ਸਕਣ । ਉਨਾਂ ਕਿਹਾ ਕਿ ਪੰਜਾਬ ਹੁਨਰ ਵਿਕਾਸ ਦੀ ਟੀਮ, ਪੁਲਿਸ ਪ੍ਰਸ਼ਾਸ਼ਨ ਦੇ ਤਾਲਮੇਲ ਨਾਲ ਕੰਮ ਕਰੇਗੀ ਤਾਂ ਨੌਜਵਾਨਾਂ ਨੂੰ ਹੋਰ ਵੀ ਵਧੀਆ ਤਰੀਕੇ ਨਾਲ ਚੰਗੇ ਰਾਹ ’ਤੇ ਤੋਰਿਆ ਜਾ ਸਕੇਗਾ। ਇਸ ਮੌਕੇ ਪੰਜਾਬ ਹੁਨਰ ਵਿਕਾਸ ਮਿਸ਼ਨ ਦੇ ਬਲਾਕ ਮਿਸ਼ਨ ਮੈਨੇਜਰ ਮਨਪ੍ਰੀਤ ਕੋਰ ਨੇ ਦੱਸਿਆ ਕਿ ਪੁਲਿਸ ਪ੍ਰਸ਼ਾਸ਼ਨ ਦੀ ਸਹਾਇਤਾ ਨਾਲ ਇਹਨਾਂ ਨੌਜਵਾਨਾਂ ਦੀ ਦਿਲਚਸਪੀ ਨੂੰ ਧਿਆਨ ਵਿੱਚ ਰੱਖਦੇ ਹੋਏ ਹੁਨਰ ਕੋਰਸ ਕਰਵਾਏ ਜਾਣਗੇ।

--------------------------------------------------------

ਮੁਹਾਲੀ ਸਥਿਤ ਮਾਈ ਭਾਗੋ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਫਾਰ ਗਰਲਜ਼ ਦੀ ਸਾਬਕਾ ਕੈਡਿਟ ਪੱਲਵੀ ਰਾਜਪੂਤ, ਭਾਰਤੀ ਫੌਜ ਵਿੱਚ ਲੈਫਟੀਨੈਂਟ ਵਜੋਂ ਨਿਯੁਕਤ ਹੋਈ ਏ। ਚੇਨਈ ਸਥਿਤ ਆਫ਼ਿਸਰਜ਼ ਟਰੇਨਿੰਗ ਅਕੈਡਮੀ ਵਿੱਚੋਂ ਸਫ਼ਲਤਾ-ਪੂਰਵਕ ਸਿਖਲਾਈ ਮੁਕੰਮਲ ਕਰਨ ਮਗਰੋਂ ਅੱਜ ਪੱਲਵੀ ਨੇ ਪਾਸਿੰਗ ਆਊਟ ਪਰੇਡ ਵਿੱਚ ਹਿੱਸਾ ਲਿਆ। ਇਸ ਪਰੇਡ ਦਾ ਨਿਰੀਖਣ ਵਾਈਸ ਚੀਫ਼ ਆਫ਼ ਆਰਮੀ ਸਟਾਫ਼ ਲੈਫਟੀਨੈਂਟ ਜਨਰਲ NS ਰਾਜਾ ਸੁਬਰਾਮਣੀ ਨੇ ਕੀਤਾ < ਆਰਟਿਲਰੀ ਰੈਜੀਮੈਂਟ ਵਿੱਚ ਕਮਿਸ਼ਨਡ ਅਫ਼ਸਰ ਵਜੋਂ ਨਿਯੁਕਤ ਹੋਈ ਲੈਫਟੀਨੈਂਟ ਪੱਲਵੀ ਰਾਜਪੂਤ ਪਠਾਨਕੋਟ ਜ਼ਿਲ੍ਹੇ ਦੇ ਕਿਸਾਨ ਰਵਿੰਦਰ ਸਿੰਘ ਦੀ ਧੀ ਏ।(ਪੱਲਵੀ ਰਾਜਪੂਤ ਨੂੰ ਉਸ ਦੀ ਸ਼ਾਨਦਾਰ ਪ੍ਰਾਪਤੀ 'ਤੇ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੱਲਵੀ ਦੀ ਸਫ਼ਲਤਾ ਪੰਜਾਬ ਦੀਆਂ ਹੋਰ ਧੀਆਂ ਨੂੰ, ਰੱਖਿਆ ਸੇਵਾਵਾਂ ਵਿੱਚ ਭਵਿੱਖ ਬਣਾਉਣ ਲਈ ਪ੍ਰੇਰਿਤ ਕਰੇਗੀ।